# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਵਾਰਡ ਨੰ 46 ਦੇ ਮੁਹੱਲਾ ਭਗਤ ਨਗਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਲਗੱਣ ਵਾਲੇ ਨਵੇਂ ਟਿਊਬਵੈਲ ਦੇ ਕੰਮ ਦੀ ਕੀਤੀ ਸ਼ੁਰੂਆਤ

## ਕੌਂਸਲਰਾਂ ਦੀ ਮੰਗ ਅਨੁਸਾਰ ਪੀਣ ਵਾਲੇ ਪਾਣੀ ਦੇ ਨਵੇਂ ਟਿਊਬਵੈਲ ਲਗਾਏ ਜਾ ਰਹੇ ਹਨ..........ਮੇਅਰ ਸ਼ਿਵ ਸੂਦ

ਹੁਸ਼ਿਆਰਪੁਰ 25 ਦਸੰਬਰ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ 46 ਦੇ ਮੁਹੱਲਾ ਭਗਤ ਨਗਰ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਲਗੱਣ ਵਾਲੇ ਨਵੇਂ ਟਿਊਬਵੈਲ ਦੇ ਕੰਮ ਦੀ ਸ਼ੁਰੂਆਤ ਸੂਬੇਦਾਰ ਓਮ ਪ੍ਰਕਾਸ਼ ਤੋਂ ਰਿਬਨ ਕਟਵਾ ਕੇ ਕੀਤੀ। ਇਸ ਮਕੇ ਤੇ ਭਾਰੀ ਇਕੱਠ ਨੂੰ ਸਬੋਧਨ ਕਰਦਿਆਂ ਸ਼ਿਵ ਸੂਦ ਨੇ ਦੱਸਿਆ ਕਿ ਮੁਹੱਲਾ ਵਾਸੀਆਂ ਵੱਲੋਂ ਪੀਣ ਵਾਲੇ ਪਾਣੀ ਦੀ ਕਮੀ ਦੂਰ ਕਰਨ ਲਈ ਮੰਗ ਕੀਤੀ ਗਈ ਸੀ।ਜਿਸ ਤੇ ਗੋਰ ਕਰਦੇ ਹੋਏ ਅੱਜ ਨਵਾਂ ਟਿਊਬਵੈਲ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਇਸ ਦੇ ਚਾਲੂ ਹੋਣ ਨਾਲ ਵਾਰਡ ਨੰ 46 ਦੇ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਰਹੇਗੀ। ਉਹਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੀਣ ਵਾਲੇ ਪਾਣੀ ਦਾ ਪਧੱਰ ਹੇਠਾਂ ਜਾ ਰਿਹਾ ਹੈ। ਜਿਸਨੂੰ ਵੇਖਦੇ ਹੋਏ ਲੋਕ ਪੀਣ ਵਾਲੇ ਪਾਣੀ ਦੀ ਵਰਤੋਂ ਸਜੰਮ ਨਾਲ ਕਰਨ। ਉਹਨ੍ਹਾਂ ਦੱਸਿਆ ਕਿ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਵਿਚ ਕੌਂਸਲਰਾਂ ਵਲੋਂ ਕੀਤੀ ਮੰਗ ਅਨੁਸਾਰ ਨਵੇਂ ਟਿਊਬਵੈਲ ਲਗਾਏ ਜਾ ਰਹੇ ਹਨ।

ਵਾਰਡ ਨੰ: 46 ਦੇ ਕੌਂਸਲਰ ਅਸ਼ੋਕ ਕੁਮਾਰ ਨੇ ਮੁਹੱਲਾ ਵਾਸੀਆਂ ਵਲੋਂ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਦਾ ਟਿਊਬਵੈਲ ਲਗਾਉਣ ਦਾ ਕੰਮ ਸ਼ੁਰੂ ਕਰਨ ਤੇ ਧੰਨਵਾਦ ਕੀਤਾ। ਜੇ.ਈ (ਮਕੈਨੀਕਲ) ਅਸ਼ਵਨੀ ਸ਼ਰਮਾ, ਵਿਨੋਦ ਪਰਮਾਰ, ਪੂਰਨ ਚੰਦ, ਵਿਜੇ ਕੁਮਾਰ, ਜਤਿੰਦਰ ਕਾਲੀਆ, ਬਬਲੂ, ਚਰਨ ਸਿੰਘ, ਰਜਿੰਦਰ ਸਿੰਘ, ਨੰਦ ਕਿਸ਼ੋਰ, ਕ੍ਰਿਸ਼ਨ ਲਾਲ, ਸੁਖਜੀਤ ਸਿੰਘ, ਸ਼੍ਰੀ ਰਾਮ, ਨਰਿੰਦਰ ਸਿੰਘ, ਜ਼ੋਗਿੰਦਰ ਪਾਲ, ਓਮ ਪ੍ਰਕਾਸ਼, ਠਾਕੁਰ ਦਾਸ, ਮੋਹਨ ਲਾਲ ਅਤੇ ਮੁਹੱਲਾ ਨਿਵਾਸੀ ਇਸ ਮੋਕੇ ਤੇ ਹਾਜਰ ਸਨ।